**ਮਨ ਤੂੰ ਜੋਤਿ ਸਰੂਪੁ ਹੈ ਆਪਣਾ ਮੂਲੁ ਪਛਾਣੁ ॥ ਮਨ ਹਰਿ ਜੀ ਤੇਰੈ ਨਾਲਿ ਹੈ ਗੁਰਮਤੀ ਰੰਗੁ ਮਾਣੁ ॥ ਮੂਲੁ ਪਛਾਣਹਿ ਤਾਂ ਸਹੁ ਜਾਣਹਿ ਮਰਣ ਜੀਵਣ ਕੀ ਸੋਝੀ ਹੋਈ ॥ ਗੁਰ ਪਰਸਾਦੀ ਏਕੋ ਜਾਣਹਿ ਤਾਂ ਦੂਜਾ ਭਾਉ ਨ ਹੋਈ ॥ ਮਨਿ ਸਾਂਤਿ ਆਈ ਵਜੀ ਵਧਾਈ ਤਾ ਹੋਆ ਪਰਵਾਣੁ ॥ ਇਉ ਕਹੈ ਨਾਨਕੁ ਮਨ ਤੂੰ ਜੋਤਿ ਸਰੂਪੁ ਹੈ ਅਪਣਾ ਮੂਲੁ ਪਛਾਣੁ ॥੫॥**

**{ਪੰਨਾ 441}**

ਪਦਅਰਥ:- ਮਨ—ਹੇ ਮਨ! ਜੋਤਿ—ਨੂਰ, ਚਾਨਣ। ਮੂਲੁ—ਅਸਲਾ। ਪਛਾਣੁ—ਸਾਂਝ ਬਣਾਈ ਰੱਖ। ਗੁਰਮਤੀ—ਗੁਰੂ ਦੀ ਮਤਿ ਲੈ ਕੇ। ਰੰਗੁ—ਆਤਮਕ ਆਨੰਦ। ਸਹੁ—ਖ਼ਸਮ-ਪ੍ਰਭੂ। ਸੋਝੀ—ਸਮਝ। ਪਰਸਾਦੀ—ਪਰਸਾਦਿ, ਕਿਰਪਾ ਨਾਲ। ਜਾਣਹਿ—ਜੇ ਤੂੰ ਸਾਂਝ ਪਾ ਲਏਂ। ਦੂਜਾ ਭਾਉ—(ਪ੍ਰਭੂ ਤੋਂ ਬਿਨਾ ਮਾਇਆ ਆਦਿਕ ਦਾ) ਹੋਰ ਪਿਆਰ। ਮਨਿ—ਮਨ ਵਿਚ। ਵਜੀ ਵਧਾਈ—ਚੜ੍ਹਦੀ ਕਲਾ ਪ੍ਰਬਲ ਹੋ ਜਾਏ (ਜਿਵੇਂ ਵਾਜਾ ਵੱਜਿਆਂ ਹੋਰ ਸਭ ਨਿੱਕਾ-ਮੋਟਾ ਰੌਲਾ ਸੁਣਾਈ ਨਹੀਂ ਦੇਂਦਾ)। ਤਾ—ਤਦੋਂ, ਤਾਂ।5।

ਅਰਥ:- ਹੇ ਮੇਰੇ ਮਨ! ਤੂੰ ਉਸ ਪਰਮਾਤਮਾ ਦੀ ਅੰਸ ਹੈਂ ਜੋ ਨਿਰਾ ਨੂਰ ਹੀ ਨੂਰ ਹੈ (ਹੇ ਮਨ!) ਆਪਣੇ ਉਸ ਅਸਲੇ ਨਾਲ ਸਾਂਝ ਬਣਾ। ਹੇ ਮਨ! ਉਹ ਪਰਮਾਤਮਾ ਸਦਾ ਤੇਰੇ ਅੰਗ-ਸੰਗ ਵੱਸਦਾ ਹੈ, ਗੁਰੂ ਦੀ ਮਤਿ ਲੈ ਕੇ ਉਸ ਦੇ ਮਿਲਾਪ ਦਾ ਸੁਆਦ ਲੈ। ਹੇ ਮਨ! ਜੇ ਤੂੰ ਆਪਣਾ ਅਸਲਾ ਸਮਝ ਲਏਂ ਤਾਂ ਉਸ ਖਸਮ-ਪ੍ਰਭੂ ਨਾਲ ਤੇਰੀ ਡੂੰਘੀ ਜਾਣ-ਪਛਾਣ ਬਣ ਜਾਏਗੀ, ਤਦੋਂ ਤੈਨੂੰ ਇਹ ਸਮਝ ਭੀ ਆ ਜਾਇਗੀ ਕਿ ਆਤਮਕ ਮੌਤ ਕੀਹ ਚੀਜ਼ ਹੈ ਤੇ ਆਤਮਕ ਜ਼ਿੰਦਗੀ ਕੀਹ ਹੈ।

ਹੇ ਮਨ! ਜੇ ਗੁਰੂ ਦੀ ਕਿਰਪਾ ਨਾਲ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਏਂ, ਤਾਂ ਤੇਰੇ ਅੰਦਰ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਮੋਹ ਪ੍ਰਬਲ ਨਹੀਂ ਹੋ ਸਕੇਗਾ।

ਜਦੋਂ ਮਨੁੱਖ ਦੇ ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ ਜਦੋਂ ਇਸ ਦੇ ਅੰਦਰ ਚੜ੍ਹਦੀ ਕਲਾ ਪ੍ਰਬਲ ਹੋ ਜਾਂਦੀ ਹੈ ਤਦੋਂ ਇਹ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਹੋ ਜਾਂਦਾ ਹੈ।

ਨਾਨਕ ਇਉਂ ਦੱਸਦਾ ਹੈ—ਹੇ ਮੇਰੇ ਮਨ! ਤੂੰ ਉਸ ਪਰਮਾਤਮਾ ਦੀ ਅੰਸ ਹੈਂ ਜੋ ਨਿਰਾ ਚਾਨਣ ਹੀ ਚਾਨਣ ਹੈ (ਹੇ ਮਨ! ਆਪਣੇ ਉਸ ਅਸਲੇ ਨਾਲ ਸਾਂਝ ਬਣਾ।5।